# 18th Meeting of the Working Mechanism for Consultation & Coordination on India-China Border Affairs

August 20, 2020

……………………………………………………………………………………………………………

## ਭਾਰਤ-ਚੀਨ ਸਰਹੱਦੀ ਮਾਮਲਿਆਂ ਬਾਰੇ ਸਲਾਹ-ਮਸ਼ਵਰੇ ਅਤੇ ਤਾਲਮੇਲ ਕਾਰਜ ਪ੍ਰਣਾਲੀ ਦੀ 18ਵੀਂ ਬੈਠਕ

20 ਅਗਸਤ, 2020

ਅੱਜ ਭਾਰਤ-ਚੀਨ ਸਰਹੱਦੀ ਮਾਮਲਿਆਂ ਬਾਰੇ ਸਲਾਹ-ਮਸ਼ਵਰੇ ਅਤੇ ਤਾਲਮੇਲ ਕਾਰਜ ਪ੍ਰਣਾਲੀ ਦੀ 18ਵੀਂ ਬੈਠਕ ਹੋਈ। ਭਾਰਤੀ ਵਫ਼ਦ ਦੀ ਅਗਵਾਈ ਵਿਦੇਸ਼ ਮੰਤਰਾਲੇ ਦੇ ਸੰਯੁਕਤ ਸਕੱਤਰ (ਪੂਰਬ ਏਸ਼ੀਆ) ਨੇ ਕੀਤੀ, ਜਦਕਿ ਚੀਨੀ ਵਫ਼ਦ ਦੀ ਅਗਵਾਈ ਚੀਨੀ ਵਿਦੇਸ਼ੀ ਮੰਤਰਾਲੇ ਦੇ ਸਰਹੱਦ ਅਤੇ ਸਮੁੰਦਰੀ ਵਿਭਾਗ ਦੇ ਡਾਇਰੈਕਟਰ ਜਨਰਲ ਨੇ ਕੀਤੀ।

2. ਦੋਨਾਂ ਧਿਰਾਂ ਨੇ ਭਾਰਤ-ਚੀਨ ਸਰਹੱਦੀ ਖੇਤਰਾਂ ਦੇ ਮੌਜੂਦਾ ਹਾਲਾਤ ਬਾਰੇ ਖੁੱਲ ਕੇ ਅਤੇ ਡੂੰਘੇ ਵਿਚਾਰ ਵਟਾਂਦਰੇ ਕੀਤੇ। ਉਨ੍ਹਾਂ ਨੇ ਦੋਵਾਂ ਵਿਦੇਸ਼ ਮੰਤਰੀਆਂ ਅਤੇ ਦੋ ਵਿਸ਼ੇਸ਼ ਨੁਮਾਇੰਦਿਆਂ (SRs) ਵਿਚਾਲੇ ਹੋਏ ਸਮਝੌਤਿਆਂ ਅਨੁਸਾਰ ਦੋਵੇਂ ਧਿਰਾਂ ਵੱਲੋਂ ਪੱਛਮੀ ਸੈਕਟਰ ਵਿੱਚ ਅਸਲ ਕੰਟਰੋਲ ਰੇਖਾ (LAC) 'ਤੇ ਫੌਜਾਂ ਦੀ ਮੁਕੰਮਲ ਡਿਸਇੰਗੇਜਮੈਂਟ ਕਰਨ ਲਈ ਇਮਾਨਦਾਰੀ ਨਾਲ ਕੰਮ ਕਰਨਾ ਜਾਰੀ ਰੱਖਣ ਦੀ ਗੱਲ ਦੁਹਰਾਈ। ਇਸ ਸੰਬੰਧ ਵਿੱਚ ਉਨ੍ਹਾਂ ਨੇ ਹੁਣ ਤੱਕ ਲਟਕ ਰਹੇ ਮੁੱਦਿਆਂ ਨੂੰ ਮੌਜੂਦਾ ਸਮਝੌਤਿਆਂ ਅਤੇ ਪ੍ਰੋਟੋਕਾਲਾਂ ਅਨੁਸਾਰ ਤੇਜ਼ੀ ਨਾਲ ਹੱਲ ਕਰਨ ਉੱਤੇ ਸਹਿਮਤੀ ਪ੍ਰਗਟਾਈ। ਦੋਵੇਂ ਧਿਰਾਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਸਰਹੱਦੀ ਖੇਤਰਾਂ ਵਿਚ ਅਮਨ ਅਤੇ ਸ਼ਾਂਤੀ ਦੀ ਬਹਾਲੀ ਦੁਵੱਲੇ ਸਬੰਧਾਂ ਦੇ ਸਰਵਪੱਖੀ ਵਿਕਾਸ ਲਈ ਜ਼ਰੂਰੀ ਹੈ।

3. ਦੋਨਾਂ ਧਿਰਾਂ ਨੇ ਪੂਰਨ ਡਿਸਇੰਗੇਜਮੈਂਟ ਨੂੰ ਯਕੀਨੀ ਬਣਾਉਣ ਲਈ ਕੂਟਨੀਤਕ ਅਤੇ ਫੌਜੀ ਮਾਧਿਅਮਾਂ ਰਾਹੀਂ ਨੇੜਲਾ ਸੰਪਰਕ ਬਣਾਈ ਰੱਖਣ ਦੀ ਲੋੜ ਨੂੰ ਹੁੰਗਾਰਾ ਦਿੱਤਾ। ਇਸ ਸਬੰਧ ਵਿਚ ਉਨ੍ਹਾਂ ਨੇ WMCC ਦੀਆਂ ਬੈਠਕਾਂ ਸਮੇਤ ਆਪਣੀ ਚੱਲ ਰਹੀ ਗੱਲਬਾਤ ਨੂੰ ਜਾਰੀ ਰੱਖਣ ਉੱਤੇ ਵੀ ਸਹਿਮਤੀ ਦਿੱਤੀ।

ਨਵੀਂ ਦਿੱਲੀ
20 ਅਗਸਤ, 2020

DISCLAIMER: This is an approximate translation. The original is available in English on MEA's website and may be referred to as the official press release.